ਦਫਤਰ ਜ਼ਿਲ੍ਹਾ ਲੋਕ ਸੰਪਰਕ ਅਫਸਰ, ਫਾਜ਼ਿਲਕਾ

## ਜ਼ਿਲ੍ਹਾ ਪੱਧਰੀ ਪੇਂਡੂ ਖੇਡਾਂ 16 ਤੇ 17 ਸਤੰਬਰ ਨੂੰ-ਜ਼ਿਲ੍ਹਾ ਖੇਡ ਅਫਸਰ

## ਐਮ.ਆਰ. ਕਾਲਜ ਦੇ ਖੇਡ ਸਟੇਡੀਅਮ ’ਚ ਹੋਣਗੀਆਂ ਪੇਂਡੂ ਖੇਡਾਂ

## ਟੂਰਨਾਮੇਂਟ ਵਿਖੇ ਵੱਧ ਤੋਂ ਵੱਧ ਭਾਗ ਲੈਣ ਦੀ ਕੀਤੀ ਅਪੀਲ

ਫਾਜ਼ਿਲਕਾ 11 ਸਤੰਬਰ

ਡਾਇਰੈਕਟਰ ਸਪੋਰਟਸ ਪੰਜਾਬ ਚੰਡੀਗੜ੍ਹ ਸ੍ਰੀਮਤੀ ਅੰਮ੍ਰਿਤਪਾਲ ਕੌਰ ਗਿੱਲ ਦੇ ਦਿਸ਼ਾ-ਨਿਰਦੇਸ਼ਾਂ ਅਤੇ ਡਿਪਟੀ ਕਮਿਸ਼ਨਰ ਸ੍ਰੀਮਤੀ ਈਸ਼ਾ ਕਾਲੀਆ ਦੀ ਰਹਿਨੁਮਾਈ ਹੇਠ ਸਥਾਨਕ ਸਰਕਾਰੀ ਐਮ.ਆਰ.ਕਾਲਜ ਦੇ ਮਲਟੀਪਰਪਜ਼ ਖੇਡ ਸਟੇਡੀਅਮ ਵਿਖੇ ਜ਼ਿਲ੍ਹਾ ਪੱਧਰੀ ਪੇਂਡੂ ਖੇਡਾਂ ਅੰਡਰ 17 ਸਾਲ ਮਿਤੀ 16 ਤੇ 17 ਸਤੰਬਰ 2017 ਨੂੰ ਕਰਵਾਈਆਂ ਜਾ ਰਹੀਆਂ ਹਨ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਜ਼ਿਲ੍ਹਾ ਖੇਡ ਅਫਸਰ ਸ. ਬਲਵੰਤ ਸਿੰਘ ਨੇ ਦੱਸਿਆ ਕਿ ਖੇਡ ਤੇ ਯੁਵਕ ਸੇਵਾਵਾਂ ਵਿਭਾਗ ਦੇ ਸਹਿਯੋਗ ਨਾਲ ਜ਼ਿਲ੍ਹਾ ਪੱਧਰੀ ਪੇਂਡੂ ਖੇਡਾਂ ਅੰਡਰ 17 (ਲੜਕੇ/ਲੜਕੀਆਂ) ਐਮ.ਆਰ.ਕਾਲਜ ਦੇ ਮਲਟੀਪਰਪਸ ਖੇਡ ਸਟੇਡੀਅਮ ਵਿਖੇ ਕਰਵਾਈਆਂ ਜਾ ਰਹੀਆਂ ਹਨ। ਉਨ੍ਹਾਂ ਦੱਸਿਆ ਕਿ ਇਨ੍ਹਾਂ ਖੇਡਾਂ ਦੌਰਾਨ ਭਾਗ ਲੈਣ ਵਾਲੀਆਂ ਟੀਮਾਂ 16 ਸਤੰਬਰ 2017 ਨੂੰ ਸਵੇਰੇ 9 ਵਜੇ ਐਮ.ਆਰ.ਕਾਲਜ ਸਟੇਡੀਅਮ ਵਿਖੇ ਰਿਪੋਰਟ ਕਰਨਗੀਆਂ। ਇਸ ਪੇਂਡੂ ਟੂਰਨਾਮੈਂਟ ਦੌਰਾਨ ਐਥਲੈਟਿਕਸ, ਕਬੱਡੀ, ਵਾਲੀਬਾਲ, ਹੈਂਡਬਾਲ, ਫੁੱਟਬਾਲ ਤੇ ਬਾਸਕਟਬਾਲ ਦੀਆਂ ਖੇਡਾਂ ਦੇ ਮੈਚ ਕਰਵਾਏ ਜਾਣਗੇ। ਉਨ੍ਹਾਂ ਅੱਗੇ ਦੱਸਿਆ ਕਿ ਇਨ੍ਹਾਂ ਖੇਡਾਂ ’ਚ ਭਾਗ ਲੈਣ ਵਾਲੇ ਖਿਡਾਰੀ ਦੀ ਜਨਮ ਮਿਤੀ 1 ਜਨਵਰੀ 2001 ਜਾਂ ਇਸ ਤੋਂ ਬਾਅਦ ਦੀ ਹੋਣੀ ਚਾਹੀਦੀ ਹੈ।

ਜ਼ਿਲ੍ਹਾ ਖੇਡ ਅਫਸਰ ਨੇ ਹੋਰ ਦੱਸਿਆ ਕਿ ਖਿਡਾਰੀਆਂ ਨੂੰ ਆਣ-ਜਾਣ ਦਾ ਬਸ ਕਿਰਾਇਆ ਤੇ ਖਾਣਾ-ਪੀਣਾ ਆਦਿ ਵਿਭਾਗ ਵੱਲੋਂ ਮੁਹੱਈਆ ਕਰਵਾਇਆ ਜਾਵੇਗਾ। ਉਨ੍ਹਾਂ ਜ਼ਿਲ੍ਹੇ ਅਧੀਨ ਪੈਂਦੇ ਪਿੰਡਾਂ ਦੇ ਸਕੂਲਾਂ ਦੀ ਟੀਮਾਂ ਨੂੰ ਇਨ੍ਹਾਂ ਖੇਡਾਂ ਵਿਚ ਵੱਧ ਤੋਂ ਵੱਧ ਭਾਗ ਲੈਣ ਦੀ ਅਪੀਲ ਕੀਤੀ ਹੈ।